# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ :11-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰਾਜ ਸਭਾ ਵੱਲੋਂ ਮਨਜ਼ੂਰੀ ਦਿੱਤੇ ਜਾਣ ਨਾਲ ਹੀ ਸੰਸਦ ਨੇ ਟ੍ਰਿਬਿਊਨਲ ਸੁਧਾਰ ਬਿੱਲ, 2026 ਪਾਸ ਕਰ ਦਿੱਤਾ ਏ |

- ਲੋਕ ਸਭਾ ਨੇ ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਅਤੇ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 ਪਾਸ ਕਰ ਦਿੱਤੇ ਨੇ।

- ਭਾਰਤ ਨੇ ਦੁਹਰਾਇਆ ਹੈ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਇੱਕ ਅਟੁੱਟ ਅਤੇ ਅਨਿੱਖੜਵਾਂ ਅੰਗ ਏ , ਅਤੇ ਕੋਈ ਵੀ ਇਸ ਹਕੀਕਤ ਨੂੰ ਬਦਲ ਨਹੀਂ ਸਕਦਾ |

- ਅਮਰੀਕੀ ਪੁਲਾੜ ਏਜੰਸੀ ਨਾਸਾ ਨੇ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੂੰ ਆਪਣੇ ਚੰਦਰਮਾ ਅਧਾਰ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਏ |

- ਪੰਜਾਬ ਪੁਲਿਸ ਨੇ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਪਿਛਲੇ 2 ਦਿਨਾਂ ਦੌਰਾਨ 60 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ |

***ਹੁਣ ਖਬਰਾਂ ਵਿਸਥਾਰ ਨਾਲ***

ਸੰਸਦ ਨੇ ਟ੍ਰਿਬਿਊਨਲ ਸੁਧਾਰ ਬਿੱਲ, 2026 ਪਾਸ ਕਰ ਦਿੱਤਾ ਹੈ। ਰਾਜ ਸਭਾ ਨੇ ਵੀ ਅੱਜ ਇਸਨੂੰ ਮਨਜ਼ੂਰੀ ਦੇ ਦਿੱਤੀ ਹੈ। ਲੋਕ ਸਭਾ ਪਹਿਲਾਂ ਹੀ ਬਿੱਲ ਨੂੰ ਪਾਸ ਕਰ ਚੁੱਕੀ ਹੈ। ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਬਿੱਲ ਪੇਸ਼ ਕੀਤਾ। ਇਸ ਬਿੱਲ ਦਾ ਉਦੇਸ਼ ਵੱਖ-ਵੱਖ ਟ੍ਰਿਬਿਊਨਲ ਦੇ ਪ੍ਰਧਾਨਾਂ ਤੇ ਮੈਂਬਰਾਂ ਦੀ ਨਿਯੁਕਤੀ 'ਚ ਯੋਗਤਾ ਕੁਸ਼ਲਤਾ, ਸੁਤੰਤਰਤਾ, ਪਾਰਦਰਸ਼ਤਾ ਅਤੇ ਇਕਸਾਰਤਾ ਨੂੰ ਯਕੀਨੀ ਬਣਾਉਣਾ ਹੈ।

BYTE

ਇਹ ਬਿੱਲ 'ਚ ਇੱਕ ਰਾਸ਼ਟਰੀ ਟ੍ਰਿਬਿਊਨਲ ਕਮਿਸ਼ਨ ਦੀ ਸਥਾਪਨਾ ਦਾ ਵੀ ਤਜਵੀਜ਼ ਏ । ਬਿੱਲ 'ਤੇ ਚਰਚਾ ਦਾ ਜਵਾਬ ਦਿੰਦੇ ਹੋਏ, ਸ੍ਰੀ

ਮੇਘਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਨੇ 2015 ਵਿੱਚ ਟ੍ਰਿਬਿਊਨਲਾਂ ਨੂੰ ਤਰਕਸੰਗਤ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਸੀ। ਉਨ੍ਹਾਂ ਕਿਹਾ ਕਿ ਟ੍ਰਿਬਿਊਨਲ ਸੁਧਾਰ ਬਿੱਲ, 2026 ਇੱਕ ਆਧੁਨਿਕ, ਸੁਤੰਤਰ ਅਤੇ ਇਕਸਾਰ ਟ੍ਰਿਬਿਊਨਲ ਪ੍ਰਣਾਲੀ ਸਥਾਪਤ ਕਰਨ ਲਈ ਪੇਸ਼ ਕੀਤਾ ਗਿਆ ਹੈ। ਸ਼੍ਰੀ ਮੇਘਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਬਿੱਲ ਦਾ ਉਦੇਸ਼ ਸ਼ਾਸਨ ਨੂੰ ਮਜ਼ਬੂਤ ਕਰਨਾ ਅਤੇ ਸੰਸਥਾਗਤ ਸੁਤੰਤਰਤਾ, ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਵਧਾਉਣਾ ਹੈ।

---------------------------------------------------------------

ਲੋਕ ਸਭਾ ਨੇ ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਪਾਸ ਕਰ ਦਿੱਤਾ ਹੈ। ਇਸ ਬਿੱਲ ਵਿੱਚ ਸੰਵਿਧਾਨ ਦੀ ਪਹਿਲੀ ਅਨੁਸੂਚੀ ਵਿੱਚ ਕੇਰਲ ਰਾਜ ਦਾ ਨਾਮ ਕੇਰਲਮ ਕਰਨ ਦੀ ਵਿਵਸਥਾ ਹੈ। ਕੇਰਲ ਵਿਧਾਨ ਸਭਾ ਨੇ ਜੂਨ 2024 ਵਿੱਚ ਇਸ ਸਬੰਧ ਵਿੱਚ ਇੱਕ ਮਤਾ ਪਾਸ ਕੀਤਾ ਸੀ। ਬਿੱਲ 'ਤੇ ਬੋਲਦਿਆਂ , ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਕਿਹਾ ਕਿ ਕੇਰਲ ਵਿਧਾਨ ਸਭਾ ਨੇ 2024 ਵਿੱਚ ਇੱਕ ਮਤਾ ਪਾਸ ਕੀਤਾ ਸੀ ਜਿਸ ਵਿੱਚ ਕੇਂਦਰ ਸਰਕਾਰ ਨੂੰ ਰਾਜ ਦਾ ਨਾਮ ਕੇਰਲ ਤੋਂ ਬਦਲ ਕੇਰਲਮ ਕਰਨ ਦੀ ਬੇਨਤੀ ਕੀਤੀ ਗਈ ਸੀ।

BYTE

ਉਨ੍ਹਾਂ ਕਿਹਾ ਕਿ ਇਹ ਬੇਨਤੀ ਇਸ ਲਈ ਕੀਤੀ ਗਈ ਸੀ ਕਿਉਂਕਿ ਮਲਿਆਲਮ ਵਿੱਚ ਰਾਜ ਦਾ ਨਾਮ ਕੇਰਲਮ ਹੈ, ਜਦੋਂ ਕਿ ਸੰਵਿਧਾਨ 'ਚ ਇਸਨੂੰ ਕੇਰਲ ਲਿਖਿਆ ਗਿਆ। ਉਨ੍ਹਾਂ ਕੇਰਲ ਦੇ ਕਾਂਗਰਸੀ ਲੋਕ ਸਭਾ ਨੇ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 ਵੀ ਪਾਸ ਕਰ ਦਿੱਤਾ ਹੈ। ਸਹਿਕਾਰਤਾ ਰਾਜ ਮੰਤਰੀ ਮੁਰਲੀਧਰ ਮੋਹੋਲ ਨੇ ਬਿੱਲ ਪੇਸ਼ ਕੀਤਾ, ਜਿਸਦਾ ਉਦੇਸ਼ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ ਐਕਟ, 1962 ਵਿੱਚ ਹੋਰ ਸੋਧ ਕਰਨਾ ਹੈ। ਇਹ ਬਿੱਲ ਨਿਗਮ ਨੂੰ ਉਦਯੋਗਿਕ ਵਸਤੂਆਂ ਦੇ ਖੇਤਰ ਵਿੱਚ ਆਪਣੀਆਂ ਗਤੀਵਿਧੀਆਂ ਕਰਨ ਦੀ ਆਗਿਆ ਦਿੰਦਾ ਹੈ। ਇਹ ਰਾਜ ਸਰਕਾਰਾਂ ਨੂੰ ਸਹਿਕਾਰੀ ਵਿਕਾਸ ਵਿੱਚ ਲੱਗੀ ਕਿਸੇ ਵੀ ਸੰਸਥਾ ਨੂੰ ਨਿਗਮ ਤੋਂ ਫੰਡ ਪ੍ਰਦਾਨ ਕਰਨ ਦੀ ਵੀ ਆਗਿਆ ਦਿੰਦੇ ਏ।

---

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਾਂਗਰਸ ਅਤੇ ਵਿਰੋਧੀ ਪਾਰਟੀਆਂ ਉਨ੍ਹਾਂ ਵਿਦਿਆਰਥੀ ਵਿਰੋਧ ਪ੍ਰਦਰਸ਼ਨਾਂ 'ਤੇ ਚਰਚਾ ਤੋਂ ਭੱਜਣ ਦਾ ਇਲਜ਼ਾਮ ਲਗਾਉਂਦੇ ਹੋਏ ਕਿਹਾ ਹੈ ਕਿ ਸਰਕਾਰ ਇਸ ਮੁੱਦੇ 'ਤੇ ਵੇਰਵੇ ਸਹਿਤ ਚਰਚਾ ਲਈ ਤਿਆਰ ਹੈ। ਸੰਸਦ ਕੰਪਲੈਕਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਰਿਜਿਜੂ ਨੇ ਕਿਹਾ ਕਿ

ਸਰਕਾਰ ਨੇ ਕੱਲ੍ਹ ਵਿਦਿਆਰਥੀ ਵਿਰੋਧ ਪ੍ਰਦਰਸ਼ਨਾਂ ਨਾਲ ਸਬੰਧਤ ਹਰ ਮੁੱਦੇ 'ਤੇ ਚਰਚਾ ਦੀ ਤਜਵੀਜ਼ ਰੱਖੀ ।

BYTE

ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਵਿਰੋਧੀ ਧਿਰ ਵੱਲੋਂ ਉਠਾਏ ਗਏ ਮੁੱਦਿਆਂ ਦਾ ਜਵਾਬ ਦੇਣ ਲਈ ਤਿਆਰ ਨੇ , ਪਰ ਵਿਰੋਧੀ ਧਿਰ ਸਦਨ ਨੂੰ ਕੰਮ ਨਹੀਂ ਕਰਨ ਦੇ ਰਹੀ ਹੈ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਵਸ ਪੂਰੇ ਮਾਣ, ਸਨਮਾਨ ਤੇ ਧੂਮਧਾਮ ਨਾਲ ਮਨਾਉਣ ਅਤੇ ਇੱਕ ਵਿਕਸਤ ਭਾਰਤ ਬਣਾਉਣ ਦਾ ਪ੍ਰਣ ਲੈਣ ਦਾ ਸੱਦਾ ਦਿੱਤਾ ਹੈ। ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸਾਂਝਾ ਕਰਦਿਆਂ , ਸ਼੍ਰੀ ਮੋਦੀ ਨੇ ਸਾਰੇ ਨਾਗਰਿਕਾਂ ਨੂੰ ਇੱਕਜੁੱਟ ਹੋਣ ਅਤੇ ਦੇਸ਼ ਦੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਦੇਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਨੇ "ਹਰ ਘਰ ਤਿਰੰਗਾ" ਮੁਹਿੰਮ ਤਹਿਤ ਸਾਰਿਆਂ ਨੂੰ ਆਪਣੇ ਘਰਾਂ 'ਤੇ ਤਿਰੰਗਾ ਲਹਿਰਾਉਣ ਦਾ ਸੱਦਾ ਦਿੱਤਾ।

---------------------------------------------------------------

ਭਾਰਤ ਨੇ ਦੁਹਰਾਇਆ ਹੈ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਇੱਕ ਅਟੁੱਟ ਅਤੇ ਅਨਿੱਖੜਵਾਂ ਅੰਗ ਹੈ, ਅਤੇ ਕੋਈ ਵੀ ਇਸ ਹਕੀਕਤ ਨੂੰ

ਬਦਲ ਨਹੀਂ ਸਕਦਾ। ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ  ਜੈਸਵਾਲ ਨੇ ਕਿਹਾ ਕਿ ਭਾਰਤ ਨੇ ਹਮੇਸ਼ਾ ਚੀਨ ਨਾਲ ਭਾਰਤ ਅਤੇ ਚੀਨ ਵਿਚਕਾਰ ਸਰਹੱਦੀ ਇਲਾਕਿਆਂ ਨਾਲ ਸੰਬੰਧਤ ਮਾਮਲਿਆਂ 'ਤੇ ਚਰਚਾ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਹ ਇਨ੍ਹਾਂ ਮੁੱਦਿਆਂ 'ਤੇ ਬਹੁਤ ਗੰਭੀਰ ਏ  |

Byte

ਉਨ੍ਹਾਂ ਕਿਹਾ ਕਿ ਇਨ੍ਹਾਂ ਇਲਾਕਿਆਂ  'ਚ ਸ਼ਾਂਤੀ ਅਤੇ ਸਤਿਰਥਾ ਬਣਾਈ ਰੱਖਣਾ ਦੇਸ਼ ਲਈ ਬਹੁਤ ਮਹੱਤਵਪੂਰਨ ਹੈ. ਬੁਲਾਰੇ ਨੇ ਕਿਹਾ ਕਿ ਭਾਰਤ-ਚੀਨ ਸਰਹੱਦੀ ਮਾਮਲਿਆਂ 'ਤੇ ਸਲਾਹ ਮਸ਼ਵਰੇ ਅਤੇ ਤਾਲਮੇਲ ਲਈ ਕਾਰਜ ਪ੍ਰਣਾਲੀ  ਦੀ ਹਾਲ ਵਿੱਚ ਹੋਈ 36ਵੀਂ ਮੀਟਿੰਗ ਵਿੱਚ ਵੀ ਇਹ ਦੁਹਰਾਇਆ ਗਿਆ ਸੀ. ਇੱਕ ਹੋਰ ਸਵਾਲ ਦੇ ਜਵਾਬ ਵਿੱਚ ਸ਼੍ਰੀ ਜੈਸਵਾਲ ਨੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਕਸ਼ਮੀਰ ਅਤੇ ਗੁਆਂਢੀ ਦੇਸ਼ ਦੇ ਕੁਝ ਹਿੱਸਿਆਂ ਵਿੱਚ ਹੋ ਰਹੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ 'ਤੇ ਚਿੰਤਾ ਪਾਇਆ. ਉਨ੍ਹਾਂ ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਪਾਕਿਸਤਾਨ ਨੂੰ ਉਸ ਦੇ ਕੁਕਰਮਾਂ ਅਤੇ ਮਨੁੱਖੀ ਅਧਿਕਾਰਾਂ ਦੀ ਕੋਰ ਉਲੰਘਣਾ ਲਈ ਜਵਾਬ ਦੇ ਠਰਾਉਣ ਲਈ ਕਿਹਾ |

BYTE

ਅਤੇ ਤੁਰਕੀ ਵਿਚਕਾਰ ਰੱਖਿਆ ਸਮਝੌਤੇ ਸੰਬੰਧੀ ਇੱਕ ਸਵਾਲ ਦੇ ਜਵਾਬ ਵਿੱਚ, ਬੁਲਾਰੇ ਨੇ ਕਿਹਾ ਕਿ ਭਾਰਤ ਪੱਛਮੀ ਏਸ਼ੀਆ ਟਕਰਾਅ ਦੇ ਘਟਨਾਕ੍ਰਮ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਆਪਣੇ ਰਾਸ਼ਟਰੀ ਸੁਰੱਖਿਆ ਨਜ਼ਰੀਏ ਅਤੇ ਖੇਤਰੀ ਸ਼ਾਂਤੀ ਅਤੇ ਸਥਿਰਤਾ ਦੋਵਾਂ ਦ੍ਰਿਸ਼ਟੀਕੋਣਾਂ ਤੋਂ ਇਸ ਸਮਝੌਤੇ ਦੇ ਪ੍ਰਭਾਵਾਂ ਦਾ ਵਿਸ਼ਲੇਸ਼ਣ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਆਪਣੇ ਰਾਸ਼ਟਰੀ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧ ਵਿੱਚ ਸਾਰੇ ਜ਼ਰੂਰੀ ਕਦਮ ਚੁੱਕੇਗਾ। ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਤ੍ਰਿਵੇਦੀ ਦੀ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਨਾਲ ਮੁਲਾਕਾਤ ਬਾਰੇ ਸ੍ਰੀ ਜੈਸਵਾਲ ਨੇ ਕਿਹਾ ਕਿ ਭਾਰਤ ਨੇ ਦੁਵੱਲੇ ਦੌਰੇ ਦੇ ਨਾਲ-ਨਾਲ ਦਿੱਲੀ ਵਿੱਚ ਹੋਣ ਵਾਲੇ ਬ੍ਰਿਕਸ ਸੰਮੇਲਨ ਲਈ ਸੱਦਾ ਦਿੱਤਾ ਹੈ।

---------------------------------------------------

ਅਮਰੀਕੀ ਪੁਲਾੜ ਏਜੰਸੀ ਨਾਸਾ ਨੇ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੂੰ ਆਪਣੇ ਚੰਦਰਮਾ ਅਧਾਰ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਹੈ। ਇਹ ਸੱਦਾ ਆਰਟੇਮਿਸ ਸਮਝੌਤੇ ਤਹਿਤ ਦੋਵਾਂ ਦੇਸ਼ਾਂ ਦੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਦਾ ਹੈ। ਭਾਰਤ ਅਤੇ ਅਮਰੀਕਾ ਸਮਝੌਤੇ ਤਹਿਤ ਖੁੱਲ੍ਹੇ ਵਿਗਿਆਨਕ ਡੇਟਾ ਨੂੰ ਸਾਂਝਾ ਕਰਨ ਬਾਰੇ

ਸਹਿਯੋਗ 'ਤੇ ਚਰਚਾ ਨੂੰ ਅੱਗੇ ਵਧਾਉਣ ਲਈ ਸਹਿਮਤ ਹੋਏ ਹਨ। ਭਾਰਤ-ਅਮਰੀਕਾ ਸਿਵਲ ਪੁਲਾੜ ਸਾਂਝੇ ਕਾਰਜ ਸਮੂਹ ਦੀ ਨੌਵੀਂ ਮੀਟਿੰਗ 5 ਅਤੇ 6 ਅਗਸਤ ਨੂੰ ਬੰਗਲੁਰੂ ਵਿੱਚ ਇਸਰੋ ਹੈੱਡਕੁਆਰਟਰ ਵਿਖੇ ਹੋਈ। ਇਸਰੋ ਦੇ ਚੇਅਰਮੈਨ ਡਾ. ਵੀ. ਨਾਰਾਇਣਨ ਅਤੇ ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕੀਤਾ ਅਤੇ ਦੁਵੱਲੇ ਪੁਲਾੜ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

---------------------------------------------------------------

ਪੰਜਾਬ ਪੁਲਿਸ ਨੇ ਪਿਛਲੇ ਪੰਜ ਦਿਨਾਂ ਵਿੱਚ ਸਰਹੱਦੀ ਜ਼ਿਲਿਆਂ ਫਿਰੋਜ਼ਪੁਰ ਅਤੇ ਅੰਮ੍ਰਿਤਸਰ ਵਿੱਚ 10 ਮੁਲਜ਼ਮਾਂ ਤੋਂ ਕਰੋੜਾਂ ਰੁਪਏ ਦੀ 80 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਹੈ। ਐਂਟੀ-ਨਾਰਕੋਟਿਕਸ ਟਾਸਕ ਫੋਰਸ ਨੇ ਅੱਜ ਫਿਰੋਜ਼ਪੁਰ ਵਿੱਚ ਇੱਕ ਸਰਹੱਦ ਪਾਰ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ 30 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ ਅਤੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਇਹ ਪੰਜਾਬ ਵਿੱਚ 30 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੀ ਦੂਜੀ ਖੇਪ ਹੈ। ਇਸ ਤੋਂ ਪਹਿਲਾਂ, 8 ਅਗਸਤ ਨੂੰ, ਪੰਜਾਬ ਪੁਲਿਸ ਨੇ BSF ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਦੋ ਮੁਲਜ਼ਮਾਂ ਤੋਂ ਇੰਨੀ ਹੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਜ਼ਬਤ ਕੀਤੇ

ਸਨ। ਇਸੇ ਤਰ੍ਹਾਂ, 7 ਅਗਸਤ ਨੂੰ, ਅੰਮ੍ਰਿਤਸਰ ਦੇ ਇੱਕ ਸਰਹੱਦੀ ਪਿੰਡ ਤੋਂ ਪੰਜ ਲੋਕਾਂ ਨੂੰ 21 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲਿਸ ਸੂਤਰਾਂ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਖੇਪ ਵਿਦੇਸ਼ੀ ਨਸ਼ਾ ਤਸਕਰਾਂ ਵੱਲੋਂ ਡਰੋਨ ਰਾਹੀਂ ਅੰਤਰਰਾਸ਼ਟਰੀ ਸਰਹੱਦ ਪਾਰ ਭੇਜੀ ਜਾਂਦੀ ਸੀ, ਜਿਸਨੂੰ ਫਿਰ ਭਾਰਤੀ ਤਸਕਰਾਂ ਵੱਲੋਂ ਅੱਗੇ ਲਿਜਾਣ ਲਈ ਹਾਸਲ ਕੀਤਾ ਜਾਂਦਾ ਸੀ। ਇਨ੍ਹਾਂ ਨਸ਼ੀਲੇ ਪਦਾਰਥਾਂ ਤੋਂ ਇਲਾਵਾ, ਵੱਡੀ ਗਿਣਤੀ ਵਿੱਚ ਹਥਿਆਰ, ਗੋਲੀ ਸਿੱਕਾ ਅਤੇ ਇੱਕ ਹੈਂਡ ਗ੍ਰਨੇਡ ਵੀ ਬਰਾਮਦ ਕੀਤਾ ਗਿਆ ਹੈ।

-------------------------------------------------------

ਬਲੋਚ ਨੇਤਾ ਮੀਰ ਯਾਰ ਬਲੋਚ ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਬਲੋਚਿਸਤਾਨ ਦੀ ਆਜ਼ਾਦੀ ਨੂੰ ਮਾਨਤਾ ਦੇਣ ਦੀ ਅਪੀਲ ਕੀਤੀ ਏ ਤੇ ਪਾਕਿਸਤਾਨੀ ਸਰਕਾਰ ਦੀਆਂ ਦਮਨਕਾਰੀ ਕਾਰਵਾਈਆਂ ਦੀ ਵੀ ਸਖ਼ਤ ਨਿੰਦਾ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਬਲੋਚਿਸਤਾਨ ਦੇ 6 ਕਰੋੜ ਲੋਕ ਹਰ ਸਾਲ 11 ਅਗਸਤ ਨੂੰ ਆਪਣਾ ਰਾਸ਼ਟਰੀ ਆਜ਼ਾਦੀ ਦਿਵਸ ਮਨਾਉਂਦੇ ਨੇ । ਉਨ੍ਹਾਂ ਕਿਹਾ ਕਿ ਅੱਜ ਬਲੋਚਿਸਤਾਨ ਦੇ ਲੋਕ ਨਾ ਸਿਰਫ਼ ਆਪਣੀ ਆਜ਼ਾਦੀ ਦਾ ਜਸ਼ਨ ਮਨਾਉਂਦੇ ਨੇ , ਸਗੋਂ ਦੁਨੀਆਂ ਤੋਂ ਮੰਗ ਕਰਦੇ ਨੇ ਕਿ ਬਲੋਚਿਸਤਾਨ ਦੀ

ਆਜ਼ਾਦੀ ਨੂੰ ਕਾਨੂੰਨੀ, ਰਾਜਨੀਤਿਕ, ਕੂਟਨੀਤਕ ਅਤੇ ਨੈਤਿਕ ਤੌਰ 'ਤੇ ਮਾਨਤਾ ਦਿੱਤੀ ਜਾਵੇ |

---------------------------------------------------------

- ਰਾਜ ਸਭਾ ਵੱਲੋਂ ਮਨਜ਼ੂਰੀ ਦਿੱਤੇ ਜਾਣ ਨਾਲ ਹੀ ਸੰਸਦ ਨੇ ਟ੍ਰਿਬਿਊਨਲ ਸੁਧਾਰ ਬਿੱਲ, 2026 ਪਾਸ ਕਰ ਦਿੱਤਾ ਏ |

- ਲੋਕ ਸਭਾ ਨੇ ਕੇਰਲਾ ਦਾ ਨਾਮ ਬਦਲਣ ਸਬੰਧੀ ਬਿੱਲ, 2026 ਅਤੇ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 ਪਾਸ ਕਰ ਦਿੱਤੇ ਨੇ।

- ਭਾਰਤ ਨੇ ਦੁਹਰਾਇਆ ਹੈ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਇੱਕ ਅਟੁੱਟ ਅਤੇ ਅਨਿੱਖੜਵਾਂ ਅੰਗ ਏ , ਅਤੇ ਕੋਈ ਵੀ ਇਸ ਹਕੀਕਤ ਨੂੰ ਬਦਲ ਨਹੀਂ ਸਕਦਾ |

- ਅਮਰੀਕੀ ਪੁਲਾੜ ਏਜੰਸੀ ਨਾਸਾ ਨੇ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੂੰ ਆਪਣੇ ਚੰਦਰਮਾ ਅਧਾਰ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਏ |

- ਪੰਜਾਬ ਪੁਲਿਸ ਨੇ ਸਰਹੱਦੀ ਜ਼ਿਲ੍ਹੇ  ਫਿਰੋਜ਼ਪੁਰ ਵਿੱਚ ਪਿਛਲੇ 2 ਦਿਨਾਂ ਦੌਰਾਨ 60 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ |

---------------------------------------------------

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,ਖਬਰਾਂ ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ ਸਵੇਰੇ 8 ਵੱਜਕੇ 30 ਮਿੰਟ  'ਤੇ  ਨਮਸਕਾਰ  !**